VIGILANCE BUREAU PUNJAB

# Vigilance Bureau apprehends bank manager declared Proclaimed Offender in loan fraud case from Delhi airport

Chandigarh, May 6, 2024 -

Punjab Vigilance Bureau (VB), has apprehended bank manager Sukhwant Singh, an accused and Proclaimed Offender (PO), from IGI Airport, New Delhi upon his arrival from USA.

Disclosing this here today an official spokesperson of the state VB said that the above mentioned accused was wanted in a case no. 32 dated 24.08.2006 registered under section 409, 420, 467, 468, 471, 120-B of IPC and 13 (D) read with 13(2) of Prevention of Corruption Act at VB police station Amritsar range. The

accused was declared PO in the aforementioned case by the court on 06-04-2011 for fraudulently giving loans amounting to Rs 2.50 crore by misusing his official position as Manager of the Central Cooperative Bank, branch Guru-Ka-Bagh, Amritsar.

The accused had fled to USA and subsequently a Look Out Circular (LOC) was issued against him by the Bureau.

He further informed that Vigilance Bureau was alerted about the arrival of the accused by Immigration Authorities of IGI Airport. Immediately a VB team was dispatched and the accused was arrested from the Airport.

He further informed that the accused was produced in the competent court accordingly and sent to judicial custody, he said.

-------

ਵਿਜੀਲੈਂਸ ਬਿਊਰੋ ਪੰਜਾਬ

## ਵਿਜੀਲੈਂਸ ਬਿਊਰੋ ਨੇ ਕਰਜ਼ਾ ਧੋਖਾਧੜੀ ਕਾਲੇਸ ’ਚ ਭਗੌੜੇ ਬੈਂਕ ਮੈਨੇਜਰ ਨੂੰ ਦਿੱਲੀ ਏਅਰਪੋਰਟ ਤੋਂ ਕੀਤਾ ਕਾਬੂ

ਚੰਡੀਗੜ੍ਹ, 6 ਮਈ, 2024 :

ਪੰਜਾਬ ਵਿਜੀਲੈਂਸ ਬਿਊਰੋ ਨੇ ਅਮਰੀਕਾ ਤੋਂ ਪਰਤੇ ਦੋਸ਼ੀ ਅਤੇ ਭਗੌੜਾ ਅਪਰਾਧੀ (ਪੀ.ਓ.) ਸੁਖਵੰਤ ਸਿੰਘ ਬੈਂਕ ਮੈਨੇਜਰ ਨੂੰ ਇੰਦਰਾ ਗਾਂਧੀ ਅੰਤਰਰਾਸ਼ਟਰੀ ਹਵਾਈ ਅੱਡਾ ਨਵੀਂ ਦਿੱਲੀ ਤੋਂ ਗ੍ਰਿਫਤਾਰ ਕਰ ਲਿਆ ਹੈ।

ਇਹ ਪ੍ਰਗਟਾਵਾ ਕਰਦਿਆਂ ਅੱਜ ਇੱਥੇ ਰਾਜ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਓਕਤ ਦੋਸ਼ੀ ਆਈ.ਪੀ.ਸੀ. ਦੀ ਧਾਰਾ 409, 420, 467, 468, 471, 120-ਬੀ ਅਤੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀ ਧਾਰਾ 13 (2) ਅਤੇ 13 (ਡੀ) ਤਹਿਤ ਵਿਜੀਲੈਂਸ ਥਾਣਾ ਅੰਮ੍ਰਿਤਸਰ ਰੇਂਜ ਵਿਖੇ ਦਰਜ ਇੱਕ ਕੇਸ ਨੰ. 32 ਮਿਤੀ 24.08.2006 ਵਿੱਚ ਲੋੜੀਂਦਾ ਸੀ।

ਉਕਤ ਦੋਸ਼ੀ ਨੂੰ ਅਦਾਲਤ ਨੇ 06-04-2011 ਨੂੰ ਕੇਂਦਰੀ ਸਹਿਕਾਰੀ ਬੈਂਕ, ਬ੍ਰਾਂਚ ਗੁਰੂ-ਕਾ-ਬਾਗ, ਅੰਮ੍ਰਿਤਸਰ ਵਿਖੇ ਮੈਨੇਜਰ ਵਜੋਂ ਆਪਣੇ ਅਧਿਕਾਰਤ ਅਹੁਦੇ ਦੀ ਦੁਰਵਰਤੋਂ ਕਰਕੇ 2.50 ਕਰੋੜ ਰੁਪਏ ਦੇ ਕਰਜ਼ੇ ਵਿੱਚ ਧੋਖਾਧੜੀ ਕਰਨ ਦੇ ਦੋਸ਼ ਵਿੱਚ ਉਕਤ ਕੇਸ ਵਿੱਚ ਪੀ.ਓ.(ਭਗੌੜਾ) ਕਰਾਰ ਦਿੱਤਾ ਸੀ।

ਜ਼ਿਕਰਯੋਗ ਹੈ ਕਿ ਇਹ ਮੁਲਜ਼ਮ ਅਮਰੀਕਾ ਭੱਜ ਗਿਆ ਸੀ ਅਤੇ ਬਾਅਦ ਵਿੱਚ ਬਿਊਰੋ ਵੱਲੋਂ ਉਸ ਵਿਰੁੱਧ ਲੁੱਕ ਆਊਟ ਸਰਕੂਲਰ (ਐਲਓਸੀ) ਜਾਰੀ ਕੀਤਾ ਗਿਆ ਸੀ।

ਬੁਲਾਰੇ ਨੇ ਅੱਗੇ ਦੱਸਿਆ ਕਿ ਵਿਜੀਲੈਂਸ ਬਿਊਰੋ ਨੂੰ ਇੰਦਰਾ ਗਾਂਧੀ ਅੰਤਰਰਾਸ਼ਟਰੀ ਏਅਰਪੋਰਟ ਦੇ ਇਮੀਗ੍ਰੇਸ਼ਨ ਅਧਿਕਾਰੀਆਂ ਵੱਲੋਂ ਮੁਲਜ਼ਮ ਦੇ ਭਾਰਤ ਪਰਤਣ ਸਬੰਧੀ ਸੂਚੇਤ ਕੀਤਾ ਗਿਆ ਸੀ। ਇਸ ’ਤੇ ਫੌਰੀ ਕਾਰਵਾਈ ਕਰਦਿਆਂ ਵਿਜੀਲੈਂਸ ਟੀਮ ਨੂੰ ਰਵਾਨਾ ਕੀਤਾ ਗਿਆ ਅਤੇ ਦੋਸ਼ੀ ਨੂੰ ਏਅਰਪੋਰਟ ਤੋਂ ਗ੍ਰਿਫਤਾਰ ਕਰ ਲਿਆ। ਬੁਲਾਰੇ ਨੇ ਦੱਸਿਆ ਕਿ ਦੋਸ਼ੀ ਨੂੰ ਅਦਾਲਤ ਵੱਲੋਂ ਨਿਆਂਇਕ ਹਿਰਾਸਤ ਵਿਚ ਭੇਜ ਦਿੱਤਾ ਗਿਆ ਹੈ।

------